ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ੍ਰੀ ਸੰਜੀਵ ਕੁਮਾਰ, (97803-32776)
ਪੁੱਤਰ ਸ੍ਰੀ ਰੁਲਦੂ ਰਾਮ,
ਸੰਧੂ ਕਲੋਨੀ, ਗਲੀ ਨੰ:5,
ਸਾਹਮਣੇ ਹੱਚ ਟਾਵਰ,
ਸ੍ਰੀ ਮੁਕਤਸਰ ਸਾਹਿਬ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਸੀਨੀਅਰ ਸੁਪਰਡੰਟ ਆਫ਼ ਪੁਲਿਸ,
ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਿਸ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2484 ਆਫ਼ 2018**

**ਹਾਜ਼ਰ:-** 1) ਸ੍ਰੀ ਸੰਜੀਵ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਪਰਮਜੀਤ ਕੌਰ, ਐਸ.ਆਈ., (96467-19572) ਪੁਲਿਸ ਥਾਣਾ, ਜ਼ੀਰਕਪੁਰ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 09-04-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਸੁਪਰਡੰਟ ਆਫ਼ ਪੁਲਿਸ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਆਪਣੀ ਦਰਖਾਸਤ, ਮਿਤੀ 29-01-2018 ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 30-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 21-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 30-08-2018 ਨੂੰ ਪਹਿਲੀ ਸੁਣਵਾਈ ਮਿਤੀ 24-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਕਿਹਾ ਗਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋਂ ਉੱਤਰਦਾਤਾ ਵਿਰੁੱਧ ਕਾਰਵਾਈ ਕਰਨ ਅਤੇ ਮੁਆਵਜ਼ੇ ਲਈ ਬੇ**ਨਤੀ ਕੀਤੀ ਗਈ ਹੈ।** ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀਮਤੀ ਪਰਮਜੀਤ ਕੌਰ, ਐਸ.ਆਈ., ਨੇ ਆਪਣੇ ਪੱਤਰ ਨੰ:5576/5ਏ-ਥਾਣਾ ਜ਼ੀਰਕਪੁਰ, ਮਿਤੀ 28-11-2018 ਰਾਹੀਂ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਸੂਚਨਾ ਦਸਤੀ ਦੇ ਦਿੱਤੀ ਹੈ ਜ਼ੋ ਕਿ ਅਪੀਲਕਰਤਾ ਵੱਲੋਂ ਪ੍ਰਾਪਤ ਕਰ ਲਈ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 28 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜ਼ਸਵੰਤ ਲਾਲ ਪੰਚ, (94643-77758)
ਗਰਾਮ ਪੰਚਾਇਤ, ਬਹਿਰਾਮਪੁਰ,
ਬਲਾਕ ਦੋਰਾਂਗਲਾ,
ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਅਫਸਰ, ਦੋਰਾਂਗਲਾ,
ਤਹਿਸੀਲ ਤੇ ਜ਼ਿਲ੍ਹਾ ਗੁਰਦਾਸਪੁਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਗੁਰਦਾਸਪੁਰ। ........ ਉੱਤਰਦਾਤਾ

**ਅਪੀਲ ਕੇਸ ਨੰ:2515 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 11-04-2018, ਲੋਕ ਸੂਚਨਾ ਅਧਿਕਾਰੀ ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ, ਗੁਰਦਾਸਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਗਰਾਮ ਪੰਚਾਇਤ ਬਹਿਰਾਮਪੁਰ, ਬਲਾਕ ਦੋਰਾਂਗਲਾ ਅਤੇ ਪੰਚਾਇਤ ਜ਼ਮੀਨ ਦੇ ਫੰਡ ਅਤੇ ਪੰਚਾਇਤ ਦੀਆਂ ਦੁਕਾਨਾਂ ਦੇ ਕਿਰਾਏ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 08-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 26-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 30-08-2018 ਨੂੰ ਪਹਿਲੀ ਸੁਣਵਾਈ ਮਿਤੀ 24-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 24-09-2018 ਤੇ ਦੌਰਾਨ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਹਾਜ਼ਰ ਸ੍ਰੀ ਰਸ਼ਪਾਲ ਸਿੰਘ, ਸੁਪਰਡੰਟ ਨੇ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਅਪੀਲਕਰਤਾ ਨੂੰ 350 ਪੰਨੇ ਦੀ ਸੂਚਨਾ ਦਿੱਤੀ ਜਾ ਚੁੱਕੀ ਹੈ। ਅਪੀਲਕਰਤਾ ਨੇ ਮੰਨਿਆ ਸੀ ਕਿ ਉਸ ਨੂੰ ਸੂਚਨਾ ਤਾਂ ਮਿਲੀ ਹੈ ਪਰੰਤੂ ਉਸ ਸੂਚਨਾ ਵਿੱਚ ਐਮ.ਬੀ. ਅਤੇ ਯੂ.ਸੀ. ਨਹੀਂ ਹੈ। ਅਪੀਲਕਰਤਾ ਨੇ ਇਹ ਵੀ ਕਿਹਾ ਸੀ ਕਿ ਉਹ ਬਾਕੀ ਰਹਿੰਦੀ ਸੂਚਨਾ ਉੱਤਰਦਾਤਾ ਦੇ ਦਫ਼ਤਰ ਜਾ ਕੇ ਲੈ ਲਵੇਗਾ। ਲੋਕ ਸੂਚਨਾ ਅਧਿਕਾਰੀ ਨੂੰ ਬਾਕੀ ਰਹਿੰਦੀ ਸੂਚਨਾ ਅਪੀਲਕਰਤਾ ਨੂੰ ਦੇਣ ਦੀ ਹਦਾਇਤ ਕੀਤੀ ਗਈ ਸੀ। ਅਪੀਲਕਰਤਾ ਵੱਲੋਂ ਬਾਕੀ ਸੂਚਨਾ ਦੀ ਪ੍ਰਾਪਤੀ ਦੀ ਪੁਸ਼ਟੀ ਲਈ ਇਹ ਕੇਸ **ਮਿਤੀ 22-10-2018 ਨੇ ਸਵੇਰੇ 11.30 ਵਜੇ** ਅਗਲੀ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

3. ਪੇਸ਼ੀ, ਮਿਤੀ 22-10-2018 ਤੇ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ। ਇਸ ਲਈ ਅਪੀਲਕਰਤਾ ਨੂੰ ਆਪਣਾ ਪੱਖ

ਚਲਦਾ---ਪੰਨਾ/2

**ਅਪੀਲ ਕੇਸ ਨੰ:**2515 **ਆਫ਼** 2018

ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਵੀ ਸਪੱਸ਼ਟ ਕੀਤਾ ਗਿਆ ਸੀ ਕਿ ਜੇਕਰ ਉਹ ਅਗਲੀ ਪੇਸ਼ੀ ਤੇ ਵੀ ਹਾਜ਼ਰ ਨਹੀਂ ਹੁੰਦਾ ਤਾਂ ਇਹ ਸਮਝ ਲਿਆ ਜਾਵੇਗਾ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ ਅਪੀਲ ਕੇਸ ਦਾਖਲ ਦਫਤਰ ਕਰ ਦਿੱਤਾ ਜਾਵੇਗਾ। ਇਸ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 28-11-2018 ਨੂੰ 11.30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਰੰਤੂ ਅੱਜ ਫਿਰ ਦੋਵੇਂ ਧਿਰਾਂ ਵਿੱਚੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਇਸ ਤੋਂ ਜ਼ਾਹਿਰ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚ**ਨਾ** ਪ੍ਰਾਪਤ ਹੋ ਚੁੱਕੀ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰਖਦਾ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 28 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈਂਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਵਿਜੈ ਹੰਸ, ਐਡਵੋਕੇਟ,
ਮਕਾਨ ਨੰ:31, ਸੱਤਿਆ ਨਿਵਾਸ,
ਸਿਲਵਰ ਸਿਟੀ,
ਜ਼ੀਰਕਪੁਰ-140603. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਸਿਹਤ ਤੇ ਪਰਿਵਾਰ ਭਲਾਈ ਵਿਭਾਗ,
ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਮੁੱਖ ਸਕੱਤਰ, ਪੰਜਾਬ,
ਚੰਡੀਗੜ੍ਹ। ........ ਉੱਤਰਦਾਤਾ

**ਅਪੀਲ ਕੇਸ ਨੰ:2555 ਆਫ਼ 2018**

**ਹਾਜ਼ਰ:-**

1) ਸ਼੍ਰੀ ਵਿਜੈ ਹੰਸ, ਐਡਵੋਕੇਟ, ਅਪੀਲਕਰਤਾ (98883-88052)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਲਲਿਤ ਕੁਮਾਰ, ਸੀਨੀਅਰ ਸਹਾਇਕ, ਸਿਹਤ-6 ਸ਼ਾਖਾ (86998-41976) ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਸ਼੍ਰੀ ਜਤਿੰਦਰ ਸਿੰਘ, ਸੀ**ਨੀਅਰ ਸਹਾਇਕ**, ਆਈ.ਏ.ਐਸ. ਸ਼ਾਖਾ (99146-22278)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 03-04-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਡਾਕਟਰ ਭੁਪਿੰਦਰਪਾਲ ਸਿੰਘ ਵਿਰੁੱਧ ਸ਼ਿਕਾਇਤਾਂ/ਵਿਭਾਗੀ ਪੜਤਾਲਾਂ ਆਦਿ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 29-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 31-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 06-09-2018 ਨੂੰ ਪਹਿਲੀ ਸੁਣਵਾਈ ਮਿਤੀ 26-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਪੇਸ਼ੀ, 26-09-2018 ਤੇ ਅਪੀਲਕਰਤਾ ਨੇ ਹਾਜ਼ਰ ਹੋ ਦੱਸਿਆ ਸੀ ਕਿ ਉਸ ਨੂੰ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕੋਈ ਸੂਚਨਾ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ, ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ

ਚਲਦਾ---ਪੰਨਾ/2

ਪੇਸ਼ੀ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ।ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 22-10-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਪੇਸ਼ੀ, 22-10-2018 ਤੇ ਅਪੀਲਕਰਤਾ ਨੇ ਫਿਰ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਵੱਲੋ ਮੰਗੀ ਗਈ ਸੂਚਨਾ ਜਲਦੀ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਸੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਨ੍ਹਾਂ ਵੱਲੋਂ ਇੱਕ ਪੱਤਰ ਨੰ:5/34/2018-2ਸਿ6/13274 86/2, ਮਿਤੀ 04-10-2018 ਪ੍ਰਾਪਤ ਹੋਇਆ ਸੀ ਜਿਸ ਰਾਹੀਂ ਉਨ੍ਹਾਂ ਵੱਲੋਂ ਦੱਸਿਆ ਗਿਆ ਸੀ ਕਿ ਅਪੀਲਕਰਤਾ ਦਾ ਬਿਨੈ-ਪੱਤਰ ਪ੍ਰਸੋਨਲ ਵਿਭਾਗ (ਆਈ.ਏ.ਐਸ. ਸ਼ਾਖਾ) ਨੂੰ ਤਬਦੀਲ ਕੀਤਾ ਜਾ ਚੁੱਕਾ ਹੈ ਜਦੋਂ ਕਿ ਅਪੀਲਕਰਤਾ ਵੱਲੋਂ ਇਸ ਕੇਸ ਵਿੱਚ ਪਹਿਲਾਂ ਮੁੱਖ ਸਕੱਤਰ, ਪੰਜਾਬ, ਨੂੰ ਹੀ ਬਿਨੈ-ਪੱਤਰ ਪੇਸ਼ ਕੀਤਾ ਗਿਆ ਸੀ ਅਤੇ ਮੁੱਖ ਸਕੱਤਰ, ਪੰਜਾਬ, ਨੂੰ ਵੀ ਬਤੌਰ ਪਹਿਲੀ ਅਪੀਲੀ ਅਥਾਰਟੀ ਪਾਰਟੀ ਬਣਾਇਆ ਗਿਆ ਸੀ। ਆਮ ਰਾਜ ਪ੍ਰਬੰਧ ਵਿਭਾਗ (ਆਮ ਤਾਲਮੇਲ ਸ਼ਾਖਾ) ਵੱਲੋਂ ਆਪਣੇ ਪੱਤਰ ਨੰ:7/191/2018-ਜੀ.ਸੀ.(4)/4672, ਮਿਤੀ 10-04-2018 ਰਾਹੀਂ ਅਪੀਲਕਰਤਾ ਦਾ ਬਿਨੈ-ਪੱਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ ਨੂੰ ਤਬਦੀਲ ਕਰ ਦਿੱਤਾ ਗਿਆ ਸੀ ਜਿਸ ਦੇ ਅਧਾਰ ਤੇ ਇਸ ਕੇਸ ਵਿੱਚ ਲੋਕ ਸੂਚਨਾ ਅਧਿਕਾਰੀ, ਦਫ਼ਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ, ਸਿਹਤ ਤੇ ਪਰਿਵਾਰ ਭਲਾਈ ਵਿਭਾਗ, ਚੰਡੀਗੜ੍ਹ ਨੂੰ ਪਾਰਟੀ ਬਣਾਇਆ ਗਿਆ ਸੀ । ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਕੇਸ ਵਿੱਚ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣਾ ਸਪੱਸ਼ਟੀਕਰਣ ਪੇਸ਼ ਕਰਨਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 28-11-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਫਿਰ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਲਲਿਤ ਕੁਮਾਰ, ਸੀਨੀਅਰ ਸਹਾਇਕ, ਸਿਹਤ-6 ਸ਼ਾਖਾ ਨੇ ਦੱਸਿਆ ਹੈ ਕਿ ਅਪੀਲਕਰਤਾ ਦੇ ਨਾਮ ਨਾਲ ਡਾਕਟਰ ਲਿਖਿਆ ਹੋਣ ਕਾਰਨ ਆਮ ਰਾਜ ਪ੍ਰਬੰਧ ਵਿਭਾਗ ਵੱਲੋਂ ਉਸ ਦੀ ਆਰ.ਟੀ.ਆਈ. ਸਿਹਤ ਵਿਭਾਗ ਨੂੰ ਤਬਦੀਲ ਕਰ ਦਿੱਤੀ ਗਈ ਸੀ ਜਦੋਂ ਕਿ ਅਪੀਲਕਰਤਾ ਇੱਕ ਆਈ.ਏ.ਐਸ ਅਧਿਕਾਰੀ ਹੋਣ ਕਾਰਨ ਉਸ ਦੀ ਆਰ.ਟੀ.ਆਈ. ਤੇ ਕਾਰਵਾਈ ਪ੍ਰਸੋਨਲ ਵਿਭਾਗ (ਆਈ.ਏ. ਐਸ. ਸ਼ਾਖਾ) ਵੱਲੋਂ ਕੀਤੀ ਜਾਣੀ ਬਣਦੀ ਸੀ। ਇਸ ਕਰਕੇ ਅਪੀਲਕਰਤਾ ਦੀ ਆਰ.ਟੀ.ਆਈ. ਪ੍ਰਸੋਨਲ ਵਿਭਾਗ (ਆਈ.ਏ. ਐਸ. ਸ਼ਾਖਾ) ਨੂੰ ਭੇਜ਼ ਦਿੱਤੀ ਗਈ ਸੀ।

5. ਪਹਿਲੀ ਅਪੀਲੀ ਅਥਾਰਟੀ ਵੱਲੋਂ ਹਾਜ਼ਰ ਸ਼੍ਰੀ ਜਤਿੰਦਰ ਸਿੰਘ, ਸੀਨੀਅਰ ਸਹਾਇਕ, ਆਈ.ਏ.ਐਸ. ਸ਼ਾਖਾ ਨੇ ਦੱਸਿਆ ਹੈ ਕਿ ਉਨ੍ਹਾਂ ਨੂੰ ਅਪੀਲਕਰਤਾ ਦੀ ਆਰ.ਟੀ.ਆਈ., ਮਿਤੀ 03-04-2018 ਪ੍ਰਾਪਤ ਨਹੀ ਹੋਈ ਸੀ ਅਤੇ ਆਰ.ਟੀ.ਆਈ., ਮਿਤੀ 30-03-2018 ਸਿਹਤ ਵਿਭਾਗ ਰਾਹੀਂ ਮਿਤੀ 15-05-2018 ਨੂੰ ਉਨ੍ਹਾਂ ਨੂੰ ਪ੍ਰਾਪਤ ਹੋਈ ਸੀ ਜਿਸ ਦਾ ਸਬੰਧ ਖੁਰਾਕ ਤੇ ਸਪਲਾਈ ਵਿਭਾਗ ਨਾਲ ਹੋਣ ਕਰਕੇ ਆਰ.ਟੀ.ਆਈ.ਐਕਟ,2005 ਦੀ ਧਾਰਾ

ਚਲਦਾ---ਪੰਨਾ/3

6(3) ਤਹਿਤ ਪ੍ਰਮੁੱਖ ਸਕੱਤਰ, ਖੁਰਾਕ ਤੇ ਸਪਲਾਈ ਵਿਭਾਗ ਨੂੰ ਤਬਦੀਲ ਕਰ ਦਿੱਤੀ ਗਈ ਸੀ ਅਤੇ ਅਪੀਲਕਰਤਾ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਸੀ। ਬਾਅਦ ਵਿੱਚ ਫਿਰ ਅਪੀਲਕਰਤਾ ਵੱਲੋਂ ਵਟਸਐੱਪ ਰਾਹੀਂ ਵੀ ਆਪਣੀ ਆਰ.ਟੀ.ਆਈ., ਮਿਤੀ 30-03-2018 ਦੀ ਕਾਪੀ ਭੇਜੀ ਗਈ ਸੀ।

6. ਦੋਵੇਂ ਧਿਰਾਂ ਦੀਆਂ ਦਲੀਲਾਂ ਸੁਣਨ ਉਪਰੰਤ ਇਹ ਤੱਥ ਸਾਹਮਣੇ ਆਇਆ ਹੈ ਕਿ ਅਪੀਲਕਰਤਾ ਵੱਲੋਂ ਪਾਈ ਗਈ ਆਰ.ਟੀ.ਆਈ. ਸਪੱਸ਼ਟ ਨਹੀਂ ਸੀ ਜਿਸ ਕਰਕੇ ਸਬੰਧਤ ਵਿਭਾਗ ਭੰਬਲਭੂਸੇ ਵਿੱਚ ਪਏ ਰਹੇ ਅਤੇ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਵਿੱਚ ਅਸਮਰੱਥ ਰਹੇ। ਇਸ ਕਰਕੇ ਲੋਕ ਸੂਚਨਾ ਅਧਿਕਾਰੀ ਜਾਂ ਪਹਿਲੀ ਅਪੀਲੀ ਅਥਾਰਟੀ ਨੂੰ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਤੋਂ ਅਸਮਰੱਥ ਰਹਿਣ ਕਾਰਨ ਦੋਸ਼ੀ ਨਹੀਂ ਮੰਨਿਆ ਜਾ ਸਕਦਾ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 28 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਮਿਸ. ਪਲਵਿੰਦਰ ਕੋਰ, (75085-13228)
ਮਕਾਨ ਨੰ:12,-ਏ,
ਸੈਂਟਰਲ ਜੇਲ੍ਹ,
ਪਟਿਆਲਾ-147001. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2594 ਆਫ਼ 2018**

**ਹਾਜ਼ਰ:-** 1) ਮਿਸ. ਪਲਵਿੰਦਰ ਕੋਰ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਸੂਰਜਪ੍ਰੀਤ ਕੰਗ, ਐਡਵੋਕੇਟ (98554-93346)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-05-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਵੱਖ-ਵੱਖ ਸਮੇਂ ਤੇ ਦਿੱਤੀਆਂ ਗਈਆਂ ਪ੍ਰੀਖਿਆਵਾਂ ਨਾਲ ਸਬੰਧਤ 14 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 06-09-2018 ਨੂੰ ਪਹਿਲੀ ਸੁਣਵਾਈ ਮਿਤੀ 26-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਕੰਗ, ਐਡਵੋਕੇਟ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਪੇਸ਼ੀ ਦੌਰਾਨ ਦੁਬਾਰਾ ਸੂਚਨਾ ਦੇ ਦਿੱਤੀ ਹੈ ਜੋ ਕਿ ਅਪੀਲਕਰਤਾ ਵੱਲੋਂ ਪ੍ਰਾਪਤ ਕਰ ਲਈ ਗਈ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 28 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਮਿਸ. ਪਲਵਿੰਦਰ ਕੋਰ, (75085-13228)
ਮਕਾਨ ਨੰ:12,-ਏ,
ਸੈਂਟਰਲ ਜੇਲ੍ਹ,
ਪਟਿਆਲਾ-147001. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪੰਜਾਬੀ ਯੂਨੀਵਰਸਿਟੀ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2595 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਸ਼੍ਰੀ ਐਸ.ਪੀ.ਵਰਮਾ, ਐਡਵੋਕੇਟ, (79867-28097)।
2) ਉੱਤਰਦਾਤਾ ਵੱਲੋਂ ਸ਼੍ਰੀ ਸੂਰਜਪ੍ਰੀਤ ਕੰਗ, ਐਡਵੋਕੇਟ (98554-93346)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 28-05-2018, ਲੋਕ ਸੂਚਨਾ ਅਧਿਕਾਰੀ ਦਫਤਰ ਪੰਜਾਬੀ ਯੂਨੀਵਰਸਿਟੀ ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਵੱਖ-ਵੱਖ ਸਮੇਂ ਤੇ ਦਿੱਤੀਆਂ ਗਈਆਂ ਪ੍ਰੀਖਿਆਵਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 01-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 06-09-2018 ਨੂੰ ਪਹਿਲੀ ਸੁਣਵਾਈ ਮਿਤੀ 26-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੂਰਜਪ੍ਰੀਤ ਕੰਗ, ਐਡਵੋਕੇਟ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ ਅਤੇ ਪੇਸ਼ੀ ਦੌਰਾਨ ਦੁਬਾਰਾ ਸੂਚਨਾ ਦੇ ਦਿੱਤੀ ਹੈ ਜੋ ਕਿ ਅਪੀਲਕਰਤਾ ਵੱਲੋਂ ਪ੍ਰਾਪਤ ਕਰ ਲਈ ਗਈ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 28 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਮੁਹੰਮਦ ਖਲੀਲ, ਪੁੱਤਰ (94174-57130)
ਸ਼੍ਰੀ ਰੁਸਮਦੀਨ,
ਵਾਸੀ ਦਲੇਲਗੜ੍ਹ, ਡਾਕਖਾਨਾ ਹਿੰਮਤਾਨਾ,
ਤਹਿਸੀਲ ਮਲੇਰਕੋਟਲਾ, ਜ਼ਿਲ੍ਹਾ ਸੰਗਰੂਰ। ........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਜਨਰਲ ਮੈਨੇਜਰ,
ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਮੈਨੇਜਿੰਗ ਡਾਇਰੈਕਟਰ,
ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2890 ਆਫ਼ 2018**

**ਹਾਜ਼ਰ:-**

1) ਸ਼੍ਰੀ ਮੁਹੰਮਦ ਖਲੀਲ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਖਵਿੰਦਰ ਸਿੰਘ, ਸੁਪਰਡੰਟ (97816-13062)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-04-2018, ਲੋਕ ਸੂਚਨਾ ਅਧਿਕਾਰੀ ਦਫਤਰ ਜਨਰਲ ਮੈਨੇਜਰ, ਪੈਪਸੂ ਰੋਡ ਟਰਾਂਸਪੋਰਟ ਕਾਰਪੋਰੇਸ਼ਨ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮੁਲਾਜ਼ਮਾਂ ਦੀਆਂ ਛੁੱਟੀਆਂ, ਰੈਸਟਾਂ, ਹੋਲੀਡੇਅ ਆਦਿ ਨਾਲ ਸਬੰਧਤ 4 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 26-09-2018 ਨੂੰ ਪਹਿਲੀ ਸੁਣਵਾਈ ਮਿਤੀ 22-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਭੇਜੀ ਗਈ ਸੂਚਨਾ ਅਧੂਰੀ ਹੈ ਅਤੇ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਖਵਿੰਦਰ ਸਿੰਘ, ਸੁਪਰਡੰਟ ਨੇ ਪੱਤਰ ਨੰ:2772, ਮਿਤੀ 19-11-2018 ਦੀ ਕਾਪੀ ਪੇਸ਼ ਕਰਦੇ ਹੋਏ ਦੱਸਿਆ ਹੈ ਕਿ ਉਨ੍ਹਾਂ ਦੇ ਦਫ਼ਤਰ ਦੇ ਪੱਤਰ ਨੰ:2507, ਮਿਤੀ 30-10-2018 ਰਾਹੀਂ ਅਪੀਲਕਰਤਾ ਵਲੋਂ ਮੰਗੀ ਗਈ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਪੇਸ਼ੀ ਦੌਰਾਨ ਦਸਤੀ ਵੀ ਦੇ ਦਿੱਤੀ ਗਈ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ ਨੂੰ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 28 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸੁਰਜੀਤ ਸਿੰਘ, (96460-15549)
ਮਕਾਨ ਨੰ:326/12,
ਮੁਹੱਲਾ ਬਾਬੂ ਪਰਮਾਨੰਦ ਨਗਰ,
ਤ੍ਰਿਮੋ ਰੋਡ, ਗੁਰਦਾਸਪੁਰ। ........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਨਿਗਮ,
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਕਮਿਸ਼ਨਰ, ਨਗਰ ਨਿਗਮ,
ਲੁਧਿਆਣਾ। ........ ਉੱਤਰਦਾਤਾ

**ਅਪੀਲ ਕੇਸ ਨੰ:2875 ਆਫ਼ 2018**

**ਹਾਜ਼ਰ:-**

1) ਸ਼੍ਰੀ ਸੁਰਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬ੍ਰਿਜ ਪਾਲ, ਸੁਪਰਵਾਈਜ਼ਰ (92573-49508)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬ੍ਰਿਜ ਪਾਲ, ਸੁਪਰਵਾਈਜ਼ਰ ਸੂਚਨਾ ਲੈ ਕੇ ਹਾਜ਼ਰ ਹੋਏ ਪਰੰਤੂ ਉਨ੍ਹਾਂ ਵੱਲੋ ਸੂਚਨਾ ਤੇ ਕੋਈ ਕਵਰਿੰਗ ਪੱਤਰ ਨਹੀਂ ਲਗਾਇਆ ਗਿਆ ਜਿਸ ਤੋਂ ਇਹ ਪਤਾ ਚੱਲ ਸਕੇ ਇਹ ਸੂਚਨਾ ਕਿਸ ਨੂੰ ਸੰਬੋਧਿਤ ਕੀਤੀ ਗਈ ਹੈ। ਹਾਜ਼ਰ ਉੱਤਰਦਾਤਾ ਨੇ ਇਸ ਵਾਸਤੇ ਸਮੇਂ ਦੀ ਮੰਗ ਕੀਤੀ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਬਾਕਾਇਦਾ ਕਵਰਿੰਗ ਪੱਤਰ ਲਗਾ ਕੇ ਸੂਚਨਾ ਰਜਿਸਟਰਡ ਡਾਕ ਰਾਹੀਂ ਅਪੀਲਕਰਤਾ ਨੂੰ ਭੇਜੀ ਜਾਵੇ ਅਤੇ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ** 16-01-2019 **ਨੂੰ ਸਵੇਰੇ** 11-30 **ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 28 **ਨਵੰਬਰ,** 2018.

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸਿਕੰਦਰ ਸਿੰਘ ਪੁੱਤਰ (94177-29128)
ਸ਼੍ਰੀ ਭੂਰਾ ਸਿੰਘ, ਮੁਲਤਾਨੀਆ ਰੋਡ,
ਗਲੀ ਨੰ:4, ਬਠਿੰਡਾ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਤਹਿਸੀਲਦਾਰ, ਬਠਿੰਡਾ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:894 ਆਫ਼ 2018**

**ਹਾਜ਼ਰ:-** 1) ਸ਼੍ਰੀ ਸਿਕੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਸੁਖਬੀਰ ਸਿੰਘ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਬਠਿੰਡਾ(92219-00001)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 18-06-2018, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਬਠਿੰਡਾ, ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਖਸਰਾ ਨੰ:4489 ਅਤੇ 4490 ਵਾਕਿਆ ਪੱਤੀ ਝੂਟੀ ਦੀ ਹੱਦ ਬੰਦੀ ਅਤੇ ਨਕਸ਼ੇ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-09-2018 ਨੂੰ ਪਹਿਲੀ ਸੁਣਵਾਈ ਮਿਤੀ 22-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੁਖਬੀਰ ਸਿੰਘ, ਲੋਕ ਸੂਚਨਾ ਅਧਿਕਾਰੀ-ਕਮ-ਤਹਿਸੀਲਦਾਰ, ਬਠਿੰਡਾ ਨੇ ਆਪਣਾ ਜਵਾਬ ਪੇਸ਼ ਕਰਦੇ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:228/ਆਰ.ਟੀ.ਆਈ., ਮਿਤੀ 14-11-2018 ਰਾਹੀਂ ਸ਼ਿਕਾਇਤਕਰਤਾ ਨੂੰ ਸੂਚਨਾ ਪਹਿਲਾਂ ਭੇਜੀ ਜਾ ਚੁੱਕੀ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਸੂਚਨਾ ਮਿਲ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 28 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਸਿਕੰਦਰ ਸਿੰਘ ਪੁੱਤਰ (94177-29128)
ਸ਼੍ਰੀ ਭੂਰਾ ਸਿੰਘ, ਮੁਲਤਾਨੀਆ ਰੋਡ,
ਗਲੀ ਨੰ:4, ਬਠਿੰਡਾ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਇੰਸਪੈਕਟਰ ਜਨਰਲ ਆਫ ਪੁਲਿਸ,
ਬਠਿੰਡਾ ਜ਼ੋਨ ਬਠਿੰਡਾ।

........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:893 ਆਫ਼ 2018**

**ਹਾਜ਼ਰ:-** 1) ਸ਼੍ਰੀ ਸਿਕੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਵਿਨੀਤ ਸ਼ਰਮਾ, ਹੈੱਡ ਕੰਸਟੇਬਲ, ਬਠਿੰਡਾ (98034-64165)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 13-06-2018, ਲੋਕ ਸੂਚਨਾ ਅਧਿਕਾਰੀ ਦਫਤਰ ਇੰਸਪੈਕਟਰ ਜਨਰਲ ਆਫ ਪੁਲਿਸ, ਬਠਿੰਡਾ ਜ਼ੋਨ ਬਠਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਐਸ.ਐਚ.ਓ. ਸ਼੍ਰੀ ਪਰਮਿੰਦਰ ਸਿੰਘ, ਕੈਨਾਲ ਕਲੌਨੀ ਵਲੋਂ ਸ਼ਿਕਾਇਤਕਰਤਾ ਦੇ ਖੇਤਾਂ ਵਿੱਚੋਂ ਇੱਟਾਂ ਚੁਕਵਾਉਣ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 20-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 26-09-2018 ਨੂੰ ਪਹਿਲੀ ਸੁਣਵਾਈ ਮਿਤੀ 22-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਵਿਨੀਤ ਸ਼ਰਮਾ, ਹੈੱਡ ਕੰਸਟੇਬਲ ਨੇ ਪੱਤਰ ਨੰ:2037/ਆਰ.ਟੀ.ਆਈ., ਮਿਤੀ 24-10-2018 ਜ਼ੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਦੀ ਦਫ਼ਤਰੀ ਕਾਪੀ ਪੇਸ਼ ਕਰਦੇ ਹੋਇਆ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਨੂੰ ਸੂਚਨਾ ਪਹਿਲਾਂ ਹੀ ਭੇਜੀ ਜਾ ਚੁੱਕੀ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਨੇ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਦੁਬਾਰਾ ਸ਼ਿਕਾਇਤਕਰਤਾ ਨੂੰ ਦੇ ਦਿੱਤੀ ਹੈ ਜਿਸ ਤੇ ਸ਼ਿਕਾਇਤਕਰਤਾ ਨੇ ਸੰਤੁਸ਼ਟੀ ਪ੍ਰਗਟਾਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 28 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰੋਹਿਤ ਸਭਰਵਾਲ,
ਪ੍ਰਧਾਨ ਕੌਂਸਿਲ ਆਫ
ਆਰ.ਟੀ.ਆਈ. ਐਕਵੀਵਿਸਟ,
ਕੁੰਦਨ ਭਵਨ, 126 ਮਾਡਲ ਗ੍ਰਾਮ,
ਲੁਧਿਆਣਾ। .......ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
(ਸਥਾਨਕ ਸਰਕਾਰ-2 ਸ਼ਾਖਾ)
ਮਿਊਂਸਿਪਲ ਭਵਨ, ਪਲਾਟ ਨੰ:3,
ਸੈਕਟਰ 35-ਏ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਦਫ਼ਤਰ ਪ੍ਰਮੁੱਖ ਸਕੱਤਰ, ਪੰਜਾਬ ਸਰਕਾਰ,
ਸਥਾਨਕ ਸਰਕਾਰ ਵਿਭਾਗ, ਪੰਜਾਬ,
(ਸਥਾਨਕ ਸਰਕਾਰ-2 ਸ਼ਾਖਾ)
ਮਿਊਂਸਿਪਲ ਭਵਨ, ਪਲਾਟ ਨੰ:3,
ਸੈਕਟਰ 35-ਏ, ਚੰਡੀਗੜ੍ਹ। ........ ਉੱਤਰਦਾਤਾ

**ਅਪੀਲ ਕੇਸ ਨੰ:2788 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਜ਼ਸਬੀਰ ਸਿੰਘ, ਸੁਪਰਡੰਟ-ਕਮ-(ਲੋਕ ਸੂਚਨਾ ਅਧਿਕਾਰੀ) (98551-37953) ਅਤੇ ਸ਼੍ਰੀ ਰਾਹੁਲ ਜੈਨ, ਸੀਨੀਅਰ ਸਹਾਇਕ (98154-91253)

**ਹਕਮ:**

ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਜ਼ਸਬੀਰ ਸਿੰਘ, ਸੁਪਰਡੰਟ-ਕਮ-(ਲੋਕ ਸੂਚਨਾ ਅਧਿਕਾਰੀ) ਨੇ ਪੱਤਰ ਨੰ:10/32/2017(12)-3ਸਸ2/1357554/1, ਮਿਤੀ 21-11-2018 ਦੀ ਕਾਪੀ ਪੇਸ਼ ਕੀਤੀ ਹੈ ਜ਼ੋ ਕਿ ਮਿਸਲ ਤੇ ਰੱਖ ਲਈ ਗਈ ਹੈ। ਇਸ ਪੱਤਰ ਰਾਹੀਂ ਹਾਜ਼ਰ ਉੱਤਰਦਾਤਾ ਵੱਲੋਂ ਦੱਸਿਆ ਗਿਆ ਹੈ ਕਿ ਇਸ ਕੇਸ ਸਬੰਧੀ ਰਿਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਲੁਧਿਆਣਾ, ਕੋਲ ਪੜਤਾਲ ਚੱਲ ਰਹੀ ਹੈ ਅਤੇ 7 ਚਿਤਾਵਨੀ-ਪੱਤਰ ਜਾਰੀ ਕਰਨ ਦੇ ਬਾਵਜੂਦ ਵੀ ਅਜੇ ਤੱਕ ਪੜਤਾਲ ਰਿਪੋਰਟ ਪ੍ਰਾਪਤ ਨਹੀਂ ਹੋਈ। ਉਨ੍ਹਾਂ ਵੱਲੋਂ ਆਖਰੀ ਚਿਤਾਵਨੀ-ਪੱਤਰ, ਮਿਤੀ 18-10-2018 ਨੂੰ ਜਾਰੀ ਕੀਤਾ ਗਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਰਿਜਨਲ ਡਿਪਟੀ ਡਾਇਰੈਕਟਰ, ਸਥਾਨਕ ਸਰਕਾਰ, ਲੁਧਿਆਣਾ ਨੂੰ ਤੁਰੰਤ ਚਿਤਾਵਨੀ-ਪੱਤਰ ਜਾਰੀ ਕਰਕੇ ਰਿਪੋਰਟ ਜਲਦੀ ਭੇਜਣ ਲਈ ਹਦਾਇਤ ਕੀਤੀ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 02-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 28 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਪ੍ਰੇਮ ਕੁਮਾਰ ਰਤਨ, (98722-20039)
ਮਕਾਨ ਨੰ:788, ਪਾਰਕ ਰੋਡ,
ਨਵੀਂ ਮੰਡੀ ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ, ਧੂਰੀ,
ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ,
ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2572 ਆਫ਼ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਤਰਸੇਮ ਲਾਲ, ਕਲਰਕ (994881-49324)।

**ਹਕਮ:**

ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਤਰਸੇਮ ਲਾਲ, ਕਲਰਕ ਨੇ ਕਿਹਾ ਹੈ ਕਿ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ. ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਉੱਤਰਦਾਤਾ ਕੋਲੋਂ ਪੱਤਰ ਨੰ:15, ਮਿਤੀ 17-05-2018 ਪ੍ਰਾਪਤ ਹੋਇਆ ਸੀ ਜਿਸ ਦਾ ਜਵਾਬ ਉਸ ਵੱਲੋਂ ਮਿਤੀ 27-05-2018 ਨੂੰ ਭੇਜ਼ ਦਿੱਤਾ ਗਿਆ ਸੀ। ਪਰੰਤੂ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਨ੍ਹਾਂ ਦੇ ਪੱਤਰ ਨੰ:15, ਮਿਤੀ 17-05-2018 ਦੇ ਸਬੰਧ ਵਿੱਚ ਅਪੀਲਕਰਤਾ ਵੱਲੋਂ ਭੇਜੇ ਗਏ ਜਵਾਬ ਸਬੰਧੀ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 16-01-2019 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 28 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, (90410-04313)
ਪਿੰਡ ਭੋਲਾਪੁਰ,
ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ,
ਲੁਧਿਆਣਾ-141123. ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਪਟਿਆਲਾ। ........ ਉੱਤਰਦਾਤਾ

**ਅਪੀਲ ਕੇਸ ਨੰ:2709 ਆਫ਼ 2018**

**ਹਾਜ਼ਰ:-** 1) ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਬਾਲ ਕ੍ਰਿਸ਼ਨ, ਸੁਪਰਡੰਟ (94170-70070)।

**ਹਕਮ:**

ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਦੱਸਿਆ ਹੈ ਕਿ ਉਸ ਨੇ ਉੱਤਰਦਾਤਾ ਕੋਲੋਂ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉੱਤਰਦਾਤਾ ਨੂੰ ਮਿਤੀ 25-10-2018 ਨੂੰ ਲਿਖ ਕੇ ਭੇਜ਼ ਦਿੱਤਾ ਗਿਆ ਸੀ ਪਰੰਤੂ ਉਸ ਨੂੰ ਅਜੇ ਤੱਕ ਨਾ ਤਾਂ ਮੁਕੰਮਲ ਸੂਚਨਾ ਹੀ ਪ੍ਰਾਪਤ ਹੋਈ ਹੈ ਅਤੇ ਨਾ ਹੀ ਕਮਿਸ਼ਨ ਦੇ ਅੰਤ੍ਰਿਮ ਹੁਕਮ, ਮਿਤੀ 23-10-2018 ਅਨੁਸਾਰ ਮੁਆਵਜ਼ੇ ਵਜੋਂ 4000/-ਰੁਪਏ (ਕੇਵਲ ਚਾਰ ਹਜ਼ਾਰ ਰੁਪਏ) ਦਾ ਬੈਂਕ ਡਰਾਫਟ ਹੀ ਮਿਲਿਆ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜਰ ਸ਼੍ਰੀ ਬਾਲ ਕ੍ਰਿਸ਼ਨ, ਸੁਪਰਡੰਟ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਅਪੀਲਕਰਤਾ ਵੱਲੋਂ ਦੱਸੀਆਂ ਗਈਆਂ ਤਰੁੱਟੀਆਂ ਬਾਰੇ ਪੱਤਰ ਪ੍ਰਾਪਤ ਨਹੀਂ ਹੋਇਆ। ਅਪੀਲਕਰਤਾ ਨੇ ਤਰੁੱਟੀਆਂ ਬਾਰੇ ਪੱਤਰ ਹਾਜ਼ਰ ਉੱਤਰਦਾਤਾ ਨੂੰ ਦਸਤੀ ਦੇ ਦਿੱਤਾ ਹੈ। ਹਾਜ਼ਰ ਉੱਤਰਦਾਤਾ ਨੇ ਅਪੀਲਕਰਤਾ ਨੂੰ ਸੂਚਨਾ ਅਤੇ ਮੁਆਵਜ਼ੇ ਦੀ ਰਕਮ ਦੀ ਅਦਾਇਗੀ ਲਈ ਕੁੱਝ ਸਮੇਂ ਦੀ ਮੰਗ ਕੀਤੀ ਗਈ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਦੱਸੀਆਂ ਗਈਆਂ ਤਰੁੱਟੀਆਂ ਨੂੰ ਦੂਰ ਕਰਨ ਉਪਰੰਤ ਸੂਚਨਾ ਮੁਹੱਈਆ ਅਤੇ ਮੁਆਵਜ਼ੇ ਵਜੋਂ 4000/-ਰੁਪਏ (ਕੇਵਲ ਚਾਰ ਹਜ਼ਾਰ ਰੁਪਏ) ਦੀ ਰਕਮ ਦੀ ਅਦਾਇਗੀ ਬੈਂਕ ਡਰਾਫਟ ਰਾਹੀਂ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਕੀਤੀ ਜਾਵੇ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 16-01-2019 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 28 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਹਰਬੰਸ ਸਿੰਘ, (98773-06580)
ਮਕਾਨ ਨੰ:371, ਸੈਕਟਰ-78,
ਮੁਹਾਲੀ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਮਿਸ਼ਨਰ, ਫਿਰੋਜ਼ਪੁਰ ਡਿਵੀਜ਼ਨ,
ਫਿਰੋਜ਼ਪੁਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:3515 ਆਫ਼ 2013**

**ਹਾਜ਼ਰ:**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਵੱਲੋਂ ਪੇਸ਼ੀ ਤੋਂ ਇੱਕ ਦਿਨ ਪਹਿਲਾਂ ਮਿਤੀ 27-11-2018 ਨੂੰ ਨਿਮਨ-ਹਸਤਾਖਰ ਕੋਲ ਪੇਸ਼ ਹੋ ਕੇ ਇਸ ਕੇਸ ਵਿੱਚ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਸੀ। ਸ਼ਿਕਾਇਤਕਰਤਾ ਦੀ ਬੇਨਤੀ ਪ੍ਰਵਾਨ ਕੀਤੀ ਜਾਂਦੀ ਹੈ। ਉੱਤਰਦਾਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਮੁਹੱਈਆ ਕੀਤੀ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 16-01-2019 ਨੂੰ ਸਵੇਰੇ 11-30 ਵਜੇ** ਲਈ ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 28 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਨਰਿੰਦਰ ਕੁਮਾਰ ਬਿੱਟਾ, (88725-97800)
ਪੁੱਤਰ ਸ਼੍ਰੀ ਰਾਏ ਸਾਹਿਬ,
ਮਕਾਨ ਨੰ:2438- ਏ, ਗਲੀ ਨੰ: 2,
ਸ਼੍ਰੀ ਗੁਰੂ ਨਾਨਕ ਨਗਰ,
ਨੇੜੇ 16 ਏਕੜ, ਬਰਨਾਲਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ-ਕਮ-
ਵਧੀਕ ਡਿਪਟੀ ਕਮਿਸ਼ਨਰ,
ਸੰਗਰੂਰ। ------ਉੱਤਰਦਾਤਾ

**ਅਪੀਲ ਕੇਸ ਨੰ: 2884 ਆਫ 2018**

**ਹਾਜ਼ਰ:-** 1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਸ਼੍ਰੀ ਸੰਜੀਵ ਕੁਮਾਰ, ਕਲਰਕ (97803-49369)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 26-05-2018 ਨੂੰ ਲੋਕ ਸੂਚਨਾ ਅਧਿਕਾਰੀ, ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਅਪੀਲਕਰਤਾ ਵੱਲੋਂ ਖੇਵਟ ਨੰ:823 (ਸੁਬਾਈ ਪੰਜਾਬ ਸਰਕਾਰ) ਮਕਬੂਜਾ ਰੈਜੀਡੈਂਸ ਐਸ.ਡੀ.ਐਮ. ਬਰਨਾਲਾ ਕੁੱਲ ਜ਼ਮੀਨ 12 ਕਨਾਲ ਨਗਰ ਕੌਂਸਿਲ ਬਰਨਾਲਾ ਅਤੇ ਖੇਵਟ ਨੰ:824 (ਸੁਬਾਈ ਪੰਜਾਬ ਸਰਕਾਰ) ਮਕਬੂਜਾ ਬਰਨਾਲਾ ਕਲੱਬ ਬਰਨਾਲਾ ਕੁੱਲ ਜ਼ਮੀਨ 12 ਕਨਾਲ 18 ਮਰਲੇ ਨਾਲ ਸਬੰਧਤ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਅਪੀਲਕਰਤਾ ਨੂੰ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 26-06-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਪਹਿਲੀ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਮਿਤੀ 28-08-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 27-09-2018 ਨੂੰ ਪਹਿਲੀ ਸੁਣਵਾਈ, ਮਿਤੀ 23-10-2018 ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੰਜੀਵ ਕੁਮਾਰ, ਕਲਰਕ ਨੇ ਪੱਤਰ ਨੰ:362/ਨਜੂਲ, ਮਿਤੀ 05-07-2018 ਦੀ ਕਾਪੀ ਪੇਸ਼ ਕੀਤੀ ਹੈ, ਜਿਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਭੇਜੀ ਹੋਈ ਹੈ, ਪੇਸ਼ ਕੀਤੀ ਹੈ, ਜ਼ੋ ਕਿ ਮਿਸਲ ਤੇ ਰੱਖ ਲਈ ਗਈ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਬਰਨਾਲਾ ਜ਼ਿਲ੍ਹੇ ਨਾਲ ਹੋਣ ਕਾਰਨ ਉੱਤਰਦਾਤਾ ਕੋਲ ਉਪਲਬਧ ਨਹੀਂ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜਿਆ ਗਿਆ ਜਵਾਬ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 28 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**